# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 14-09-2025**

ਅੱਜ ਦੇਸ਼ ਭਰ ਵਿਚ ਹਿੰਦੀ ਦਿਵਸ ਮਨਾਇਆ ਜਾ ਰਿਹਾ ਏ। 1949 ਵਿਚ ਇਸ ਦਿਨ, ਸੰਵਿਧਾਨ ਸਭਾ ਨੇ ਦੇਵਨਾਗਰੀ ਲਿਪੀ ਵਿਚ ਹਿੰਦੀ ਨੂੰ ਦੇਸ਼ ਦੀ ਰਾਜ ਭਾਸ਼ਾ ਵਜੋਂ ਸਵੀਕਾਰ ਕੀਤਾ ਸੀ। ਅੱਜ, ਹਿੰਦੀ ਦੁਨੀਆਂ ਵਿਚ ਸੱਭ ਤੋਂ ਵੱਧ ਬੋਲੀਆਂ ਜਾਣ ਵਾਲੀਆਂ ਭਾਸ਼ਾਵਾਂ ਵਿੱਚੋਂ ਇਕ ਏ ਅਤੇ 52 ਕਰੋੜ ਤੋਂ ਵੱਧ ਲੋਕਾਂ ਦੀ ਪਹਿਲੀ ਭਾਸ਼ਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਿੰਦੀ ਦਿਵਸ ਉੱਤੇ ਦੇਸ਼ ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿਚ ਉਨ੍ਹਾਂ ਕਿਹਾ ਕਿ ਹਿੰਦੀ ਸਿਰਫ਼ ਸੰਚਾਰ ਦਾ ਮਾਧਿਅਮ ਨਹੀਂ, ਸਗੋਂ ਇਹ ਦੇਸ਼ ਦੀ ਪਛਾਣ ਤੇ ਕਦਰਾਂ-ਕੀਮਤਾਂ ਦੀ ਜੀਵੰਤ ਵਿਰਾਸਤ ਏ। ਉਨ੍ਹਾਂ ਕਿਹਾ ਕਿ ਵਿਸ਼ਵ ਪੱਧਰ ਉੱਤੇ ਹਿੰਦੀ ਲਈ ਵੱਧ ਰਿਹਾ ਸਤਿਕਾਰ ਦੇਸ਼ ਲਈ ਮਾਣ ਤੇ ਪ੍ਰੇਰਣਾ ਦਾ ਵਿਸ਼ਾ ਏ। ਸ੍ਰੀ ਮੋਦੀ ਨੇ ਲੋਕਾਂ ਨੂੰ ਹਿੰਦੀ ਸਮੇਤ ਸਾਰੀਆਂ ਭਾਰਤੀਆਂ ਭਾਸ਼ਾਵਾਂ ਨੂੰ ਅਮੀਰ ਬਣਾਉਣ ਤੇ ਉਨ੍ਹਾਂ ਨੂੰ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਪ੍ਰਣ ਲੈਣ ਦੀ ਅਪੀਲ ਕੀਤੀ ਏ। ਗ੍ਰਹਿ ਮੰਤਰੀ

ਅਮਿਤ ਸ਼ਾਹ ਨੇ ਕਿਹਾ ਏ ਕਿ ਹਿੰਦੀ, ਦੇਸ਼ ਦੀਆਂ ਭਾਸ਼ਾਵਾਂ ਤੇ ਉਪ-ਬੋਲੀਆਂ ਵਿਚਕਾਰ ਪੁਲ਼ ਦਾ ਕੰਮ ਕਰਦੀ ਏ। ਹਿੰਦੀ ਦਿਵਸ ਉੱਤੇ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਕਿਹਾ ਏ ਕਿ ਹਿੰਦੀ ਰਾਸ਼ਟਰੀ ਏਕਤਾ ਨੂੰ ਉਤਸ਼ਾਹਤ ਕਰਦੀ ਏ ਅਤੇ ਤਕਨਾਲੋਜੀ, ਵਿਗਿਆਨ ਤੇ ਖੋਜ ਦੀ ਭਾਸ਼ਾ ਦੇ ਰੂਪ ਵਿਚ ਉੱਭਰ ਰਹੀ ਏ। Byte….

ਗ੍ਰਹਿ ਮੰਤਰੀ ਨੇ ਅੱਗੇ ਕਿਹਾ ਕਿ ਡਿਜੀਟਲ ਇੰਡੀਆ, ਈ-ਗਵਰਨੈਂਸ, ਆਰਟੀਫੀਸ਼ੀਅਲ ਇੰਟੈਲੀਜੈਂਸ ਤੇ ਮਸ਼ੀਨੀ ਲਰਨਿੰਗ ਦੇ ਇਸ ਯੁੱਗ ਵਿਚ ਕੇਂਦਰ ਸਰਕਾਰ ਭਾਰਤੀ ਭਾਸ਼ਾਵਾਂ ਨੂੰ ਭਵਿੱਖ ਲਈ ਤਿਆਰ ਕਰ ਰਹੀ ਏ।

---------------------------------------------------------------

ਕੇਂਦਰੀ ਸੂਚਨਾ ਅਤੇ ਪ੍ਰਸਾਰਣ ਤੇ ਸੰਸਦੀ ਮਾਮਲਿਆਂ ਬਾਰੇ ਰਾਜ ਮੰਤਰੀ ਡਾ. ਐਲ. ਮੁਰੂਗਨ ਨੇ ਕਿਹਾ ਕਿ ਕੇਂਦਰ ਸਰਕਾਰ, ਹੜ੍ਹ ਮਾਰੇ ਪੰਜਾਬ ਨਾਲ ਖੜ੍ਹੀ ਏ। ਅੱਜ ਰੂਪਨਗਰ ਸਥਿਤ ਕੈਨਾਲ ਰੈਸਟ ਹਾਊਸ ਵਿਚ ਪ੍ਰੈੱਸ ਕਾਨਫਰੰਸ ਕਰਦਿਆਂ ਡਾ. ਐਲ. ਮੁਰੂਗਨ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਸੂਬੇ ਨੂੰ 1600 ਕਰੋੜ ਰੁਪਏ ਦਾ ਪੈਕਜ ਦੇ ਦਿੱਤਾ ਗਿਆ ਏ ਅਤੇ ਹੁਣ ਵੀ ਵੱਖ-ਵੱਖ ਮੰਤਰੀਆਂ ਵੱਲੋਂ ਸਥਿਤੀ ਦਾ ਜਾਇਜ਼ਾ ਲਿਆ ਜਾ ਰਿਹਾ ਏ ਏ। ਉਨ੍ਹਾਂ ਕਿਹਾ ਕਿ ਇਹ

ਵਕਤ ਰਾਜਨੀਤੀ ਕਰਨ ਦਾ ਨਹੀਂ, ਸਗੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਤੇ ਲੋਕਾਂ ਦਾ ਸਹਿਯੋਗ ਕਰਨ ਦਾ ਸਮਾਂ ਏ। Byte… ਡਾ. ਮੁਰੂਗਨ ਨੇ ਬੀਤੇ ਦਿਨ ਰੂਪਨਗਰ ਜ਼ਿਲ੍ਹੇ ਦੇ ਹੜ੍ਹ ਮਾਰੇ ਇਲਾਕਿਆਂ ਦਾ ਦੌਰਾ ਕਰ ਕੇ ਹੜ੍ਹਾਂ ਦੀ ਸਥਿਤੀ ਤੇ ਨੁਕਸਾਨ ਦੀ ਸਥਿਤੀ ਦਾ ਜਾਇਜ਼ਾ ਲਿਆ । ਇਸ ਦੌਰੇ ਦੌਰਾਨ ਡਾ. ਮੁਰੂਗਨ ਨੇ ਹੜ੍ਹ ਪੀੜਤਾਂ ਨਾਲ ਮੁਲਾਕਾਤ ਕੀਤੀ ਤੇ ਫੇਰ ਪਿੰਡ ਸ਼ਾਹਪੁਰ ਬੇਲਾ ਸਮੇਤ ਹੋਰਨਾਂ ਪਿੰਡਾਂ ਦਾ ਦੌਰਾ ਕੀਤਾ।

-----------------------------------------------------------------

ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਰਾਮ ਸਿੰਘ ਭੈਣੀ ਸਮੇਤ ਲਗਭਗ 20 ਪਿੰਡਾਂ ਦੇ ਹੜ੍ਹ ਮਾਰੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਉਸ ਜ਼ਮੀਨ ਦਾ ਵੀ ਮੁਆਵਜਾ ਦਿੱਤਾ ਜਾਵੇਗਾ, ਜਿੱਥੇ ਕਿਸੇ ਫ਼ਸਲ ਦੀ ਬਿਜਾਈ ਨਹੀਂ ਕੀਤੀ ਗਈ ਸੀ। ਮੰਤਰੀ ਨੇ ਦੱਸਿਆ ਕਿ 'ਗਿਰਦਾਵਰੀ' ਦਾ ਕੰਮ ਪ੍ਰਗਤੀ ਅਧੀਨ ਏ ਅਤੇ ਦੂਜੇ ਪਾਸੇ ਸੜਕਾਂ ਦੀ ਮੁਰੰਮਤ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਏ ।

---

ਪੰਜਾਬ ਵਿਚ ਜਾਰੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਪੁਲਿਸ ਨੇ ਕੱਲ੍ਹ 383 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਦੌਰਾਨ ਸੂਬੇ ਵਿਚ 77 ਮਾਮਲੇ ਦਰਜ ਕਰ ਕੇ 99 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਏ। ਇਸ ਦੇ ਨਾਲ, 196 ਦਿਨਾਂ ਵਿਚ ਗ੍ਰਿਫਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ

ਗਿਣਤੀ 29,387 ਹੋ ਗਈ ਏ। ਨਸ਼ਾ ਤਸਕਰਾਂ ਕੋਲੋਂ ਹੈਰੋਇਨ, ਅਫੀਮ, ਗਾਂਜਾ, ਭੁੱਕੀ ਤੇ ਨਸ਼ੀਲੀਆਂ ਗੋਲੀਆਂ ਤੋਂ ਇਲਾਵਾ ਨਗਦੀ ਵੀ ਬਰਾਮਦ ਕੀਤੀਗਈ ਏ। ਇਸੇ ਦੌਰਾਨ ਕਮਿਸ਼ਨਰੇਟ ਪੁਲਿਸ ਜਲੰਧਰ ਨੇ ਨਸ਼ਿਆਂ ਦੀ ਰੋਕਥਾਮ ਕਾਨੂੰਨ ਤਹਿਤ 7 ਮੁਕੱਦਮੇ ਦਰਜ ਕਰਦੇ ਹੋਏ 8 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ । ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਵੱਖ-ਵੱਖ ਥਾਣਿਆਂ ਦੀਆਂ ਟੀਮਾਂ ਨੇ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕਰ ਕੇ 8 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਮੁਲਜ਼ਮਾਂ ਦੇ ਕਬਜ਼ੇ ਤੋਂ 25 ਗ੍ਰਾਮ ਤੋਂ ਵੱਧ ਹੈਰੋਇਨ ਅਤੇ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਨੇ । ਅਗਲੇ ਕਾਰਵਾਈ ਜਾਰੀ ਏ।